**ਪ੍ਰਧਾਨ ਮੰਤਰੀ ਦਾ ਭੂਟਾਨ ਦੌਰਾ (11-12 ਨਵੰਬਰ, 2025)**

08 ਨਵੰਬਰ, 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ 11-12 ਨਵੰਬਰ 2025 ਤੱਕ ਭੂਟਾਨ ਦੀ ਰਾਜਕੀ ਯਾਤਰਾ ਕਰਨਗੇ। ਇਹ ਦੌਰਾ ਦੋਵਾਂ ਦੇਸ਼ਾਂ ਵਿਚਕਾਰ ਦੋਸਤੀ ਅਤੇ ਸਹਿਯੋਗ ਦੇ ਵਿਸ਼ੇਸ਼ ਸਬੰਧਾਂ ਨੂੰ ਮਜ਼ਬੂਤ ਕਰਨ ਦਾ ਉਦੇਸ਼ ਰੱਖਦਾ ਹੈ ਅਤੇ ਨਿਯਮਤ ਦੁਵੱਲੇ ਉੱਚ-ਪੱਧਰੀ ਆਦਾਨ-ਪ੍ਰਦਾਨ ਦੀ ਪਰੰਪਰਾ ਦੇ ਅਨੁਸਾਰ ਹੈ।

2।ਇਸ ਦੌਰੇ ਦੌਰਾਨ, ਪ੍ਰਧਾਨ ਮੰਤਰੀ ਭੂਟਾਨ ਦੇ ਰਾਜਾ, ਮਹਾਮਹਿਮ ਜਿਗਮੇ ਖੇਸਰ ਨਾਮਗਯੇਲ ਵਾਂਗਚੁੱਕ ਨਾਲ ਮੁਲਾਕਾਤ ਕਰਨਗੇ, ਅਤੇ ਦੋਵੇਂ ਨੇਤਾ ਭਾਰਤ ਸਰਕਾਰ ਅਤੇ ਭੂਟਾਨ ਦੀ ਸ਼ਾਹੀ ਸਰਕਾਰ ਵਲੋਂ ਸਾਂਝੇ ਤੌਰ 'ਤੇ ਵਿਕਸਤ ਕੀਤੇ ਗਏ 1020 ਮੈਗਾਵਾਟ ਪੁਨਾਤਸਾਂਗਛੂ-II ਪਣਬਿਜਲੀ ਪ੍ਰੋਜੈਕਟ ਦਾ ਉਦਘਾਟਨ ਕਰਨਗੇ।ਪ੍ਰਧਾਨ ਮੰਤਰੀ ਭੂਟਾਨ ਦੇ ਚੌਥੇ ਰਾਜਾ, ਮਹਾਮਹਿਮ ਜਿਗਮੇ ਸਿੰਗਯੇ ਵਾਂਗਚੁੱਕ ਦੀ 70ਵੀਂ ਜਨਮ ਵਰ੍ਹੇਗੰਢ ਨੂੰ ਸਮਰਪਿਤ ਸਮਾਰੋਹਾਂ ਵਿੱਚ ਸ਼ਾਮਲ ਹੋਣਗੇ।ਪ੍ਰਧਾਨ ਮੰਤਰੀ ਭੂਟਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਸ਼ੇਰਿੰਗ ਤੋਬਗੇ ਨਾਲ ਵੀ ਮੁਲਾਕਾਤ ਕਰਨਗੇ।

3. ਪ੍ਰਧਾਨ ਮੰਤਰੀ ਦਾ ਇਹ ਦੌਰਾ ਭਾਰਤ ਤੋਂ ਭਗਵਾਨ ਬੁੱਧ ਦੇ ਪਵਿੱਤਰ ਪਿਪਰਹਵਾ ਅਵਸ਼ੇਸ਼ਾਂ ਦੀ ਪ੍ਰਦਰਸ਼ਨੀ ਦੇ ਸਮੇਂ ਹੋ ਰਿਹਾ ਹੈ। ਪ੍ਰਧਾਨ ਮੰਤਰੀ ਥਿੰਫੂ ਦੇ ਤਸ਼ਿਚੋਦਜੋਂਗ ਵਿਖੇ ਪਵਿੱਤਰ ਅਵਸ਼ੇਸ਼ਾਂ ਨੂੰ ਪ੍ਰਾਰਥਨਾ ਕਰਨਗੇ ਅਤੇ ਭੂਟਾਨ ਦੀ ਸ਼ਾਹੀ ਸਰਕਾਰ ਵਲੋਂ ਆਯੋਜਿਤ ਗਲੋਬਲ ਸ਼ਾਂਤੀ ਪ੍ਰਾਰਥਨਾ ਉਤਸਵ ਵਿੱਚ ਵੀ ਹਿੱਸਾ ਲੈਣਗੇ।

4।ਭਾਰਤ ਅਤੇ ਭੂਟਾਨ ਦਰਮਿਆਨ ਗਹਿਰੇ ਭਰੋਸੇ, ਨੇਕ ਨੀਤੀ ਅਤੇ ਆਪਸੀ ਆਦਰ ਨਾਲ ਚਿੰਨ੍ਹਿਤ ਇੱਕ ਵਿਲੱਖਣ ਅਤੇ ਉਦਾਹਰਣਯੋਗ ਸਾਂਝ ਹੈ।ਸਾਂਝੀ ਅਧਿਆਤਮਿਕ ਵਿਰਾਸਤ ਅਤੇ ਲੋਕਾਂ ਦਰਮਿਆਨ ਨਿੱਘੇ ਸਬੰਧ ਵਿਸ਼ੇਸ਼ ਭਾਈਵਾਲੀ ਦੀ ਇੱਕ ਵਿਸ਼ੇਸ਼ਤਾ ਹਨ।ਪ੍ਰਧਾਨ ਮੰਤਰੀ ਦਾ ਦੌਰਾ ਦੋਵਾਂ ਧਿਰਾਂ ਨੂੰ ਸਾਡੀ ਦੁਵੱਲੀ ਭਾਈਵਾਲੀ ਨੂੰ ਹੋਰ ਵਧਾਉਣ ਅਤੇ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਵਿਚਾਰ-ਵਟਾਂਦਰਾ ਕਰਨ ਅਤੇ ਆਪਸੀ ਹਿੱਤ ਦੇ ਖੇਤਰੀ ਅਤੇ ਵਿਆਪਕ ਮੁੱਦਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਦਾ ਮੌਕਾ ਪ੍ਰਦਾਨ ਕਰੇਗਾ।

ਨਵੀਂ ਦਿੱਲੀ

08 ਨਵੰਬਰ, 2025